# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 17-03-2026**

ਸਰਕਾਰ ਨੇ ਕਿਸਾਨਾਂ ਨੂੰ ਪਾਰਦਰਸ਼ਤਾ, ਜਵਾਬਦੇਹੀ ਅਤੇ ਸਮੇਂ ਸਿਰ ਦਾਅਵਿਆਂ ਦੀ ਅਦਾਇਗੀ ਯਕੀਨੀ ਬਣਾਉਣ ਲਈ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਵਿੱਚ ਸੋਧ ਕੀਤੀ ਏ । ਅੱਜ ਲੋਕ ਸਭਾ ਵਿੱਚ ਜ਼ਿਮਨੀ ਸਵਾਲਾਂ ਦਾ ਜਵਾਬ ਦਿੰਦਿਆਂ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਪਹਿਲਾਂ ਕਿਸਾਨਾਂ ਨੂੰ ਆਪਣੇ ਖਾਤਿਆਂ ਵਿੱਚ ਅਦਾਇਗੀ ਪ੍ਰਾਪਤ ਕਰਨ ਲਈ ਕਈ ਮਹੀਨੇ ਉਡੀਕ ਕਰਨੀ ਪੈਂਦੀ ਸੀ । ਉਨ੍ਹਾਂ ਕਿਹਾ ਕਿ ਬੀਮਾਕਰਤਾ ਜੇਕਰ 21 ਦਿਨਾਂ ਅੰਦਰ ਦਾਅਵਿਆਂ ਦਾ ਨਿਪਟਾਰਾ ਕਰਨ ਵਿੱਚ ਅਸਫਲ ਰਹਿੰਦੇ ਨੇ ਤਾਂ ਓਹਨਾਂ ਨੂੰ ਖੇਤੀਬਾੜੀ ਨਾਲ ਸਬੰਧਤ ਦਾਅਵਿਆਂ ਦੀ ਅਦਾਇਗੀ 12 ਫੀਸਦੀ ਵਿਆਜ ਨਾਲ ਕਰਨੀ ਪਵੇਗੀ. ਮੰਤਰੀ ਨੇ ਇਹ ਵੀ ਦੱਸਿਆ ਕਿ ਜੇਕਰ ਰਾਜ ਸਰਕਾਰਾਂ ਵੀ ਦਾਅਵੇ ਦੀ ਪ੍ਰਕਿਰਿਆ ਵਿੱਚ ਦੇਰੀ ਕਰਦੀਆਂ ਨੇ, ਤਾਂ ਉਨ੍ਹਾਂ ਨੂੰ ਕਿਸਾਨਾਂ ਨੂੰ 12 ਫੀਸਦੀ ਵਿਆਜ ਦੇਣਾ ਪਵੇਗਾ । ਸ੍ਰੀ ਚੌਹਾਨ ਨੇ ਕਿਹਾ ਕਿ ਕਿਸਾਨ ਦਾਅਵੇ ਦੇ ਨਿਪਟਾਰੇ ਨਾਲ ਸਬੰਧਤ ਆਪਣੀਆਂ ਸ਼ਿਕਾਇਤਾਂ ਦੇ ਸੰਬੰਧ ਵਿੱਚ Krishi Rakshak

Portal'ਤੇ ਵੀ ਸ਼ਿਕਾਇਤਾਂ ਦਰਜ ਕਰਵਾ ਸਕਦੇ ਨੇ. ਉਨ੍ਹਾਂ ਕਿਹਾ ਕਿ, ਹੁਣ ਤੱਕ ਪੋਰਟਲ 'ਤੇ 2 ਲੱਖ 71 ਹਜ਼ਾਰ ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਨੇ, ਅਤੇ ਸਰਕਾਰ ਸ਼ਿਕਾਇਤਾਂ ਦੀ ਜਾਂਚ ਕਰ ਰਹੀ ਏ ਤੇ ਸਖ਼ਤ ਕਾਰਵਾਈ ਕਰ ਰਹੀ ਏ. ਓਹਨਾਂ, ਕਿਸਾਨਾਂ ਨੂੰ ਇੱਕ ਤੋਂ ਵਧ ਫਸਲਾਂ ਉਗਾਉਣ ਲਈ ਉਤਸ਼ਾਹਿਤ ਕਰਨ ਲਈ ਸਰਕਾਰ ਵਲੋਂ ਚੁੱਕੇ ਜਾ ਰਹੇ ਕਦਮਾਂ ਬਾਰੇ ਦੱਸਿਆ

byte

------------------------------------------------------------

ਪੰਜਾਬ ਵਿਧਾਨ ਸਭਾ ਨੇ ਕੱਲ੍ਹ ਸਰਬਸੰਮਤੀ ਨਾਲ ਸ੍ਰੀ ਗੁਰੂ ਤੇਗ ਬਹਾਦਰ ਵਿਸ਼ਵ ਪੱਧਰੀ ਯੂਨੀਵਰਸਿਟੀ ਪੰਜਾਬ ਬਿੱਲ, 2026 ਨੂੰ ਪਾਸ ਕਰ ਦਿੱਤਾ ਏ , ਜਿਸ ਨਾਲ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ 9ਵੇਂ ਗੁਰੂ ਦੇ ਨਾਮ 'ਤੇ ਇੱਕ ਅਤਿ-ਆਧੁਨਿਕ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕੀਤੀ ਜਾਵੇਗੀ । ਅਗਲੇ ਤਿੰਨ ਸਾਲਾਂ ਵਿੱਚ ਨਿਵੇਸ਼ ਲਈ 300 ਕਰੋੜ ਰੁਪਏ ਦਾ ਪ੍ਰਸਤਾਵ ਰੱਖਿਆ ਗਿਆ ਏ , ਜਿਸ ਲਈ ਮੌਜੂਦਾ ਬਜਟ ਵਿੱਚ ਸ਼ੁਰੂਆਤੀ ਤੌਰ 'ਤੇ 20 ਕਰੋੜ ਰੁਪਏ ਰੱਖੇ ਗਏ ਨੇ । ਯੂਨੀਵਰਸਿਟੀ ਰੱਖਿਆ, ਏਰੋਸਪੇਸ, ਸਾਈਬਰ ਸੁਰੱਖਿਆ ਅਤੇ ਕੁਆਂਟਮ ਕੰਪਿਊਟਿੰਗ ਵਿੱਚ ਉੱਤਰੀ ਭਾਰਤ ਦੇ ਪਹਿਲੇ ਵਿਸ਼ੇਸ਼ ਕੋਰਸ ਪੇਸ਼ ਕਰੇਗੀ, ਜਿਸ ਦਾ ਉਦੇਸ਼ ਸੰਸਥਾ ਨੂੰ ਸਿੱਖਿਆ ਦੇ ਪ੍ਰਮੁੱਖ

ਵਿਸ਼ਵ ਕੇਂਦਰਾਂ ਦੇ ਨਾਲ ਸਥਾਪਿਤ ਕਰਨਾ ਏ । ਕੋਰਸ ਇਸ ਸਾਲ ਜੁਲਾਈ ਤੋਂ ਸ਼ੁਰੂ ਹੋਣ ਦੀ ਸੰਭਾਵਨਾ ਏ । ਪੰਜਾਬ ਵਿਧਾਨ ਸਭਾ ਵਿੱਚ ਬਿੱਲ ਪੇਸ਼ ਕਰਦੇ ਹੋਏ, ਸਿੱਖਿਆ ਮੰਤਰੀ, ਹਰਜੋਤ ਸਿੰਘ ਬੈਂਸ ਨੇ ਉੱਭਰ ਰਹੀਆਂ ਤਕਨਾਲੋਜੀਆਂ ਅਤੇ ਰਣਨੀਤਕ ਅਧਿਐਨਾਂ 'ਤੇ ਕੇਂਦ੍ਰਿਤ ਇੱਕ ਮਹੱਤਵਾਕਾਂਖੀ ਅਕਾਦਮਿਕ ਢਾਂਚੇ ਦੀ ਰੂਪਰੇਖਾ ਦਿੱਤੀ, ਜੋ ਕਿ ਉੱਤਰੀ ਭਾਰਤ ਦੇ ਕਿਸੇ ਵੀ ਪ੍ਰਮੁੱਖ ਸੰਸਥਾ ਵਿੱਚ ਇਸ ਸਮੇਂ ਉਪਲਬਧ ਨਹੀਂ ਨੇ । ਇਨ੍ਹਾਂ ਵਿੱਚ ਰੱਖਿਆ ਤਕਨਾਲੋਜੀ ਵਿੱਚ ਬੀਐਸਸੀ, ਰਣਨੀਤਕ ਅਤੇ ਰੱਖਿਆ ਅਧਿਐਨ ਵਿੱਚ ਐਮਐਸਸੀ, ਰੱਖਿਆ, ਇਲੈਕਟ੍ਰਾਨਿਕਸ ਅਤੇ ਰਾਡਾਰ ਪ੍ਰਣਾਲੀਆਂ ਵਿੱਚ ਐਮ.ਟੈਕ, ਮਿਲਟਰੀ ਰੋਬੋਟਿਕਸ ਅਤੇ ਪ੍ਰਮਾਣੂ ਪ੍ਰਣਾਲੀ ਵਿੱਚ ਐਮ.ਟੈਕ ਅਤੇ ਏਆਈ, ਡਰੋਨ ਇੰਜੀਨੀਅਰਿੰਗ, ਸਾਈਬਰ ਯੁੱਧ ਅਤੇ ਰਾਸ਼ਟਰੀ ਸੁਰੱਖਿਆ, ਫੌਜੀ ਇਤਿਹਾਸ ਵਿੱਚ ਕਈ ਹੋਰ ਕੋਰਸ ਸ਼ਾਮਲ ਨੇ ।

---

ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 1962, 1965 ਤੇ 1971 ਦੀਆਂ ਜੰਗਾਂ ਵਿੱਚ ਸ਼ਹੀਦ ਹੋਏ ਸੈਨਿਕਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਰਾਸ਼ੀ ਜਾਰੀ ਕਰਨ ਸਬੰਧੀ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ, ਜਿਸ ਦੌਰਾਨ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ

ਸੈਨਿਕਾਂ ਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨਾਲ ਸਬੰਧਿਤ ਸਾਰੇ ਮਾਮਲਿਆਂ ਨੂੰ ਪਹਿਲ ਦੇ ਆਧਾਰ ‘ਤੇ ਨਿਪਟਾਇਆ ਜਾਵੇ ਤਾਂ ਜੋ ਯੋਗ ਪਰਿਵਾਰਾਂ ਨੂੰ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਮਿਲ ਸਕੇ। ਮੀਟਿੰਗ ਦੌਰਾਨ ਮੰਤਰੀ ਨੂੰ ਦੱਸਿਆ ਗਿਆ ਕਿ ਇਹਨਾਂ ਜੰਗਾਂ ਵਿੱਚ ਸ਼ਹੀਦ ਸੈਨਿਕਾਂ ਦੇ ਜਿਆਦਾਤਰ ਪਰਿਵਾਰਾਂ ਨੂੰ ਪੰਜਾਬ ਸਰਕਾਰ ਵਲੋਂ ਪਹਿਲਾਂ ਹੀ ਮੁਆਵਜ਼ਾ ਜ਼ਮੀਨ ਜਾਂ ਰਾਸ਼ੀ ਦੇ ਰੂਪ ਵਿੱਚ ਦਿੱਤਾ ਜਾ ਚੁੱਕਾ ਏ। ਇਸ ਤੋਂ ਇਲਾਵਾ ਬਾਕੀ ਰਹਿ ਗਏ ਕੇਸਾਂ ਤੇ ਉਨ੍ਹਾਂ ਦੀ ਮੌਜੂਦਾ ਸਥਿਤੀ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਏ ਤੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ।

----------------------------------------------------------

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ  ਦੱਸਿਆ ਏ ਕਿ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਜਲਦ ਹੀ 659 ਨਵੀਂਆਂ ਬੱਸਾਂ ਸ਼ਾਮਿਲ ਕੀਤੀਆਂ ਜਾ ਰਹੀਆਂ ਨੇ। ਚੇਅਰਮੈਨ ਜੁਨੇਜਾ ਨੇ ਕਿਹਾ ਕਿ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ ਇਹ ਵਾਧਾ ਪੰਜਾਬ ਦੇ ਲੋਕਾਂ ਨੂੰ ਸਸਤੀ ਤੇ ਮਿਆਰੀ ਆਵਾਜਾਈ ਸਹੂਲਤ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ

ਵੱਡਾ ਕਦਮ ਹੋਵੇਗਾ। ਉਹਨਾਂ  ਦੱਸਿਆ ਕਿ ਪਹਿਲੇ ਪੜਾਅ ਵਿੱਚ ਜਲਦ ਹੀ ਨਵੀਂਆਂ ਬੱਸਾਂ ਨੂੰ ਮੁੱਖ ਮੰਤਰੀ ਵੱਲੋਂ  ਵੱਖ-ਵੱਖ ਰੂਟਾਂ 'ਤੇ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਆਵਾਜਾਈ ਸੇਵਾਵਾਂ ਦੀ ਮਜ਼ਬੂਤੀ ਨਾਲ  ਯਾਤਰੀਆਂ, ਖਾਸ ਕਰਕੇ ਔਰਤਾਂ ਤੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਮਿਲੇਗੀ।

------------------------------------------------------------

ਪਟਿਆਲਾ ਦੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ 19 ਮਾਰਚ ਤੋਂ ਸ਼ੁਰੂ ਹੋ ਰਹੇ ਨਵਰਾਤਰੇ ਤੇ ਦੁਰਗਾ ਅਸ਼ਟਮੀ ਮਨਾਉਣ ਸਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ ਵਰੁਣ ਸ਼ਰਮਾ ਤੇ ਐਡਵਾਈਜਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਨੇ ਮੰਦਰ ਵਿਖੇ ਇਕ ਬੈਠਕ ਕੀਤੀ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਮੰਦਰ ਵਿਖੇ ਮਨਾਏ ਜਾਣ ਵਾਲੇ ਨਵਰਾਤਰਿਆਂ ਦੇ ਪ੍ਰਬੰਧਾਂ ਦੀਆਂ ਤਿਆਰੀਆਂ ਪੂਰੀ ਸ਼ਰਧਾ ਭਾਵਨਾ ਨਾਲ ਕੀਤੀਆਂ ਜਾ ਰਹੀਆਂ ਨੇ ਤੇ ਇੱਥੇ ਦੇਸ਼-ਵਿਦੇਸ਼ 'ਚੋਂ ਆਉਣ ਵਾਲੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਸਹੂਲਤ ਲਈ ਪੁਖ਼ਤਾ ਇੰਤਜਾਮ ਕੀਤੇ ਜਾਣਗੇ। ਬੈਠਕ ਦੌਰਾਨ ਐਸ.ਐਸ.ਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਸ਼ਰਧਾਲੂਆਂ ਦੀ ਸੁਰੱਖਿਆ ਲਈ ਤੇ ਟ੍ਰੈਫਿਕ ਵਿਵਸਥਾ ਲਈ ਸਾਰੇ ਪ੍ਰਬੰਧ ਪਖ਼ਤਾ ਕੀਤੇ ਜਾਣਗੇ।